# ਦਫਤਰ ਜਿਲ੍ਹਾ ਸਿੱਖਿਆ ਅਫਸਰ (ਐਲੀ.ਸਿੱ.) ਤਰਨ ਤਾਰਨ

ਪੱਤਰ ਨੰ. ਸਸਅ/2024/ਆਰ.ਟੀ.ਈ.- 1268 ਮਿਤੀ: 2/4/2024

ਵੱਲ:

ਮੈਨੇਜਰ/ਪ੍ਰਿੰਸੀਪਲ/ਪ੍ਰਧਾਨ
ਹੋਵਰਡ ਲੈਣ ਸੀਨੀਅਰ ਸਕੂਲ, ਠੱਠਾ **(HOWARD LANE SENIOR SCHOOL, THATHA)**
ਬਲਾਕ ਗੰਡੀਵਿੰਡ,
ਜਿਲ੍ਹਾ ਤਰਨ ਤਾਰਨ।

ਵਿਸ਼ਾ:- ਬੱਚਿਆਂ ਦੇ ਮੁਫਤ ਅਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਨਿਯਮਾਂ, 2011 ਦੇ ਨਿਯਮ 11 ਦੇ ਉੱਪ ਨਿਯਮ 11 ਦੇ ਉੱਪ ਨਿਯਮ (4) ਅਧੀਨ, ਬੱਚਿਆਂ ਦੇ ਮੁਫਤ ਅਤੇ ਲਾਜਮੀ ਸਿੱਖਿਆ ਦੇ ਅਧਿਕਾਰ ਐਕਟ 2009 ਦੀ ਧਾਰਾ 18 ਦੇ ਮੰਤਵ ਲਈ ਸਕੂਲ ਦਾ ਮਾਨਤਾ ਪ੍ਰਾਪਤ ਪ੍ਰਮਾਣ ਪੱਤਰ।

ਸ੍ਰੀਮਾਨ/ ਸ੍ਰੀਮਤੀ ਜੀ,

ਆਪ ਜੀ ਦੀ ਪ੍ਰਤੀ ਬੇਨਤੀ ਨਾਲ ਦਾਖਲ ਸਵੈ-ਘੋਸ਼ਣਾ ਅਤੇ ਨਿਰੀਖਕ ਕਮੇਟੀ ਵਲੋਂ ਦਿੱਤੀ ਗਈ ਸਕੂਲ ਦੀ ਨਿਰੀਖਣ ਰਿਪੋਰਟ ਨੂੰ ਮੁੱਖ ਰੱਖਦੇ ਅਤੇ ਪੰਜਾਬ ਸਰਕਾਰ, ਸਿੱਖਿਆ ਵਿਭਾਗ, ਸਿੱਖਿਆ-3 ਸ਼ਾਖਾ ਦੇ ਪੱਤਰ ਨੰ: SED-EDU/301/114/2023-3EDU3/645126/2023 ਮਿਤੀ19/09/2023 ਨੂੰ ਜਾਰੀ ਹਦਾਇਤਾਂ ਅਨੁਸਾਰ ਹੋਵਰਡ ਲੈਣ ਸੀਨੀਅਰ ਸਕੂਲ, ਠੱਠਾ, ਬਲਾਕ ਗੰਡੀਵਿੰਡ ਨੂੰ ਜਮਾਤ ਪ੍ਰੀ-ਪ੍ਰਾਇਮਰੀ ਤੋਂ ਜਮਾਤ ਅੱਠਵੀਂ ਤੱਕ ਵਿਭਾਗ ਵਲੋਂ ਜਾਰੀ ਹੇਠ ਲਿਖੀਆਂ ਸ਼ਰਤਾਂ ਤਹਿਤ ਮਾਨਤਾ ਪ੍ਰਮਾਣ ਪੱਤਰ ਨੂੰ ਰੀਨਿਊ ਕਰਦੇ ਹੋਏ ਸਥਾਈ ਮਾਨਤਾ ਦਿੱਤੀ ਜਾਂਦੀ ਹੈ:-

1. ਮਾਨਤਾ ਪ੍ਰਾਪਤ ਦੀ ਪ੍ਰਵਾਨਗੀ ਵਾਧੇ ਯੋਗ ਨਹੀ ਹੈ ਅਤੇ ਕਿਸੇ ਵੀ ਹਾਲਤ ਵਿੱਚ ਇਸ ਦਾ ਮਤਲਬ ਇਹ ਨਹੀ ਲਿਆ ਜਾਣਾ ਚਾਹੀਦਾ ਹੈ ਕਿ ਇਹ ਅੱਠਵੀਂ ਜਮਾਤ ਦੀ ਮਾਨਤਾ/ ਸਬੰਧਕਰਨ ਲਈ ਲਾਜ਼ਮੀ ਹੈ।
2. ਸਕੂਲ ਬੱਚਿਆਂ ਦਾ ਮੁਫਤ ਅਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਐਕਟ, 2009(ਸਾਰਣੀ-1) ਅਤੇ ਬੱਚਿਆਂ ਦੇ ਮੁਫਤ ਅਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਨਿਯਮਾਂ, 2011 (ਸਾਰਣੀ-2) ਦੇ ਉਪਬੰਧਾਂ ਦੀ ਪਾਲਣਾ ਕਰੇਗਾ।
3. ਸਕੂਲ ਦੀ ਪਹਿਲੀ ਜਮਾਤ ਵਿੱਚ (ਜਾਂ ਪੂਰਵ ਸਕੂਲ ਜਮਾਤ ਜੋ ਵੀ ਲਾਗੂ ਹੋਵੇ) ਜਮਾਤ ਦੀ ਕੁੱਲ ਸੰਖਿਆ ਦਾ 25% ਕਮਜੋਰ ਤਬਕੇ ਅਤੇ ਗੈਰ ਸੁਵਿਧਾ ਪ੍ਰਾਪਤ ਸਮੂਹ ਦੇ ਆਸ-ਪਾਸ ਦੇ ਬੱਚਿਆਂ ਦਾ ਦਾਖਲਾ ਕਰੇਗਾ ਅਤੇ ਮੁਫਤ ਅਤੇ ਲਾਜ਼ਮੀ ਮੁੱਢਲੀ ਸਿੱਖਿਆ, ਇਸਦੇ ਪੂਰੇ ਹੋਣ ਤੱਕ ਪੜਤਾਲ ਕਰੇਗਾ।
4. ਸਕੂਲ ਦੇ ਪੈਰ੍ਹਾ 3 ਵਿੱਚ ਦਿੱਤੇ ਬੱਚਿਆਂ ਲਈ ਐਕਟ ਦੀ ਧਾਰਾ 12 ਦੀ ਉੱਪ ਧਾਰਾ (2) ਦੇ ਉਪਬੰਧਾਂ ਅਨੁਸਾਰ ਖਰਚੇ ਦੀ ਪ੍ਰਤੀਪੂਰਤੀ ਕੀਤੀ ਜਾਵੇਗੀ। ਇਹ ਪ੍ਰਤੀਪੂਰਤੀ ਲੈਣ ਲਈ ਸਕੂਲ ਨੂੰ ਵੱਖਰਾ ਬੈਂਕ ਖਾਤਾ ਰੱਖਣਾ ਪਵੇਗਾ।
5. ਸੰਸਥਾ/ ਸਕੂਲ ਕੋਈ ਕੰਪੀਟੇਸ਼ਨ ਫੀਸ ਨਹੀ ਲਵੇਗਾ ਅਤੇ ਬੱਚੇ ਦਾ ਉਸ ਦੇ ਮਾਪਿਆਂ ਜਾਂ ਸਰਪਲੱਸ ਦੀ ਚੋਣ ਦੀ ਕੋਈ ਵਿਧੀ ਨਹੀ ਅਪਣਾਏਗਾ।
6. ਸਕੂਲ ਕਿਸੇ ਬੱਚੇ ਨੂੰ ਜਨਮ ਦਾ ਸਬੂਤ ਨਾ ਹੋਣ ਕਾਰਨ ਦਾਖਲੇ ਤੋਂ ਇਨਕਾਰ ਨਹੀ ਕਰੇਗਾ ਅਤੇ ਐਕਟ ਦੀ ਧਾਰਾ 15 ਦੇ ਉਪਬੰਧਾਂ ਦੀ ਪਾਲਣਾ ਕਰੇਗਾ। ਸਕੂਲ ਇਹ ਯਕੀਨੀ ਬਣਾਏਗਾ ਕਿ :-

    ੳ. ਕਿਸੇ ਵੀ ਦਾਖਲ ਕੀਤੇ ਬੱਚੇ ਨੂੰ ਸਕੂਲ ਵਿੱਚੋ ਕੱਢਿਆ ਨਹੀਂ ਜਾਵੇਗਾ ਜਦੋਂ ਤੱਕ ਕਿ ਉਸ ਦੀ ਮੁਢਲੀ ਸਿੱਖਿਆ ਪੂਰੀ ਨਹੀ ਹੋ ਜਾਂਦੀ।

    ਅ. ਕਿਸੇ ਵੀ ਬੱਚੇ ਨੂੰ ਸਰੀਰਕ ਦੰਡ ਜਾ ਮਾਨਸਿਕ ਪ੍ਰੇਸ਼ਾਨੀ ਨਹੀ ਦਿੱਤੀ ਜਾਵੇਗੀ।

    ੲ. ਹਰ ਇੱਕ ਬੱਚੇ ਨੂੰ ਜਿਸ ਨੇ ਮੁੱਢਲੀ ਸਿੱਖਿਆ ਪ੍ਰਾਪਤ ਕਰ ਲਈ ਹੈ, ਨੂੰ ਨਿਯਮ 25 ਅਨੁਸਾਰ ਪ੍ਰਮਾਣ ਪੱਤਰ ਦਿੱਤਾ ਜਾਵੇਗਾ।

    ਸ. ਐਕਟ ਦੇ ਉਪਬੰਧਾਂ ਅਨੁਸਾਰ ਵਿਸ਼ੇਸ਼ ਜਰੂਰਤਾਂ/ ਅਪੰਗ ਵਿਦਿਆਰਥੀਆਂ ਦੀ ਸ਼ਮੂਲੀਅਤ।

    ਹ. ਅਧਿਆਪਕਾਂ ਲਈ ਇਹ ਜਰੂਰੀ ਹੈ ਕਿ ਉਹ ਧਾਰਾ 23 (1) ਅਧੀਨ ਦਿੱਤੀਆਂ ਘੱਟੋ-ਘੱਟ ਵਿਦਿਅਕ ਯੋਗਤਾਵਾਂ ਪੂਰੀਆਂ ਕਰਦੇ ਹੋਣ।

ਕ. ਅਧਿਆਪਕ ਐਕਟ ਦੀ ਧਾਰਾ 24(1) ਅਧੀਨ ਦਰਸਾਈਆਂ ਜ਼ਿੰਮੇਵਾਰੀਆਂ ਪੂਰੀਆਂ ਕਰਨਗੇ।

ਖ. ਅਧਿਆਪਕ ਆਪਣੇ-ਆਪ ਨੂੰ ਪ੍ਰਾਈਵੇਟ ਟਿਊਸ਼ਨਾਂ ਵਿੱਚ ਮਸ਼ਰੂਫ ਨਹੀ ਰੱਖਣਗੇ।

7. ਸਕੂਲ ਪੜਾਈ ਦੇ ਵਿਸ਼ਿਆਂ ਦੇ ਅਧਾਰ ਤੇ ਉਚਿਤ ਅਥਾਰਟੀ ਦੁਆਰਾ ਨਿਰਧਾਰਤ ਕੀਤੇ ਸਿਲੇਬਸ ਦੀ ਪੈਰਵੀ ਕਰੇਗਾ।

8. ਸਕੂਲ ਐਕਟ ਦੀ ਧਾਰਾ 19 ਵਿੱਚ ਨਿਰਧਾਰਿਤ ਸ਼ਰਤਾਂ ਅਤੇ ਮਿਆਰਾਂ ਦੀ ਪਾਲਣਾ ਕਰੇਗਾ।

9. ਸਕੂਲ ਦੇ ਇਸ ਨਾਮ ਤੇ ਸਕੂਲ ਦੀ ਇਮਾਰਤ ਦੇ ਅੰਦਰ ਜਾਂ ਬਾਹਰ ਕੋਈ ਵੀ ਗੈਰ ਮਾਨਤਾ ਪ੍ਰਾਪਤ ਜਮਾਤ ਨਹੀ ਚਲਾਈ ਜਾਵੇਗੀ।

10. ਸਕੂਲ ਦੀ ਇਮਾਰਤ ਜਾਂ ਹੋਰ ਢਾਂਚਾ ਜਾਂ ਮੈਦਾਨ ਕੇਵਲ ਪੜ੍ਹਾਈ ਜਾਂ ਯੋਗਤਾ ਵਿਕਾਸ ਲਈ ਹੀ ਵਰਤੇ ਜਾਣਗੇ।

11. ਸਕੂਲ ਸੁਸਾਇਟੀ ਰਜਿਸਟਰੇਸ਼ਨ ਐਕਟ 1860 (1860 ਦਾ 21) ਅਧੀਨ ਰਜਿਸਟਰ ਕੀਤੀ ਸੁਸਾਇਟੀ ਦੁਆਰਾ ਜਾਂ ਸਮੇਂ -ਸਮੇਂ ਤੇ ਲਾਗੂ ਕਿਸੇ ਕਾਨੂੰਨ ਅਧੀਨ ਸਿਰਜੇ ਗਏ ਟਰੱਸਟ ਦੁਆਰਾ ਚਲਾਇਆ ਜਾ ਰਿਹਾ ਹੈ।

12. ਸਕੂਲ ਸਮੇਂ ਸਮੇਂ ਤੇ ਲੋੜੀਂਦੇ ਦਸਤਾਵੇਜਾਂ ਜਿਵੇਂ ਕਿ ਬਿਲਡਿੰਗ ਸੇਫਟੀ ਸਰਟੀਫਿਕੇਟ, ਫਾਇਰ ਸੇਫਟੀ ਸਰਟੀਫਿਕੇਟ. ਜਮੀਨ ਸਬੰਧੀ ਦਸਤਾਵੇਜ ਅਤੇ ਹੋਰ ਕੋਈ ਵੀ ਦਸਤਾਵੇਜ ਜਿਸ ਦੀ ਮਿਆਦ ਖਤਮ ਹੋ ਜਾਵੇ, ਦਾ ਨਵੀਣੀਕਰਨ ਕਰਵਾਏਗਾ ਤੇ ਇਸ ਦੀ ਕਾਪੀ ਦਫਤਰ ਜਿਲ੍ਹਾ ਸਿੱਖਿਆ ਅਫਸਰ (ਐਲੀ.ਸਿ) ਤਰਨ ਤਾਰਨ ਵਿਖੇ ਜਮਾਂਕਰਵਾਏਗਾ। ਜੇਕਰ ਸਕੂਲ ਇਸ ਕੰਮ ਪ੍ਰਤੀ ਅਣਗਿਹਲੀ ਕਰਦਾ ਪਾਇਆ ਜਾਂਦਾ ਹੈ ਤਾਂ ਸਕੂਲ ਦੀ ਮਾਨਤਾ ਬਿਨ੍ਹਾਂ ਨੋਟਿਸ ਦਿੱਤਿਆ ਰੱਦ ਕਰ ਦਿੱਤੀ ਜਾਵੇਗੀ।

13. ਸਕੂਲ ਕਿਸੇ ਨਿੱਜੀ, ਸਮੂਹ ਜਾਂ ਵਿਅਕਤੀਆਂ ਦੇ ਸਮੂਹਾਂ ਜਾਂ ਕਿਸੇ ਹੋਰ ਵਿਅਕਤੀ ਦੇ ਲਾਭ ਲਈ ਨਹੀ ਚਲਾਇਆ ਜਾ ਰਿਹਾ।

14. ਲੇਖੇ ਕਿਸੇ ਪ੍ਰਮਾਣਿਤ ਚਾਰਟਿਡ ਲੇਖਾਕਾਰ ਦੁਆਰਾ ਆਡਿਟ ਕੀਤੇ ਜਾਣੇ ਚਾਹੀਦੇ ਹਨ ਅਤੇ ਨਿਯਮਾਂ ਅਨੁਸਾਰ ਲੇਖਿਆਂ ਦੀ ਸਟੇਟਮੈਂਟ ਤਿਆਰ ਕੀਤੀ ਜਾਵੇਗੀ। ਹਰ ਲੇਖਾ ਸਾਰਨੀ ਦੀ ਇੱਕ ਕਾਪੀ ਹਰ ਸਾਲ ਜਿਲ੍ਹਾ ਸਿੱਖਿਆ ਅਫਸਰ (ਐ.ਸਿੱ.) ਨੂੰ ਭੇਜੀ ਜਾਵੇਗੀ।

15. ਸਕੂਲ ਸਰਕਾਰ ਅਤੇ ਵਿਭਾਗ ਵੱਲੋਂ ਸਮੇਂ ਸਮੇਂ ਤੇ ਜਾਰੀ ਸਕੂਲੀ ਟਰਾਂਸਪੋਰਟ ਸਬੰਧੀ ਹਦਾਇਤਾਂ ਦੀ ਪਾਲਣਾ ਕਰਨੀ ਯਕੀਣੀ ਬਣਾਏਗਾ। ਸਕੂਲ ਵਿਭਾਗ ਵਲੋਂ ਜਾਰੀ ਸੇਫ ਵਾਹਨ ਪਾਲਸੀ ਦੀ ਪਾਲਣਾ ਕਰਨੀ ਯਕੀਨੀ ਬਣਾਏਗਾ।

16. ਆਪ ਦੇ ਸਕੂਲ ਦਾ ਮਾਨਤਾ ਪ੍ਰਾਪਤ ਕੋਡ ਨੰਬਰ <u>ਆਰ.ਟੀ.ਈ. ਤਰਨ ਤਾਰਨ-24080460</u> ਹੈ। ਇਸ ਨੂੰ ਨੋਟ ਕਰ ਲਿਆ ਜਾਵੇ ਅਤੇ ਇਸ ਦਫਤਰ ਨਾਲ ਪੱਤਰ ਵਿਹਾਰ ਕਰਦੇ ਸਮੇਂ ਇਹ ਦਰਜ ਕੀਤਾ ਜਾਵੇ।

17. ਸਕੂਲ ਜਿਲ੍ਹਾ ਸਿੱਖਿਆ ਅਧਿਕਾਰੀ ਦੁਆਰਾ ਸਮੇਂ-ਸਮੇਂ ਤੇ ਮੰਗੀ ਗਈ ਸੂਚਨਾਂ ਪੇਸ਼ ਕਰੇਗਾ ਅਤੇ ਉਚਿਤ ਅਥਾਰਟੀ ਜਾਂ ਜਿਲ੍ਹਾ ਸਿੱਖਿਆ ਅਧਿਕਾਰੀ ਦੁਆਰਾ ਹਦਾਇਤਾ ਜੋ ਮਾਨਤਾ ਪ੍ਰਾਪਤੀ ਦੀਆਂ ਸ਼ਰਤਾਂ ਪੂਰੀਆਂ ਕਰਨ ਜਾਂ ਸਕੂਲ ਦੇ ਕੰਮ- ਕਾਜ਼ ਵਿੱਚ ਕਮੀਆਂ ਨੂੰ ਦੂਰ ਕਰਨ ਲਈ ਜਾਰੀ ਕੀਤੀਆਂ ਜਾਣਗੀਆਂ ਦੀ ਪਾਲਣਾ ਕਰੇਗਾ।

18. ਸੰਸਥਾ ਦੀ ਰਜਿਸਟ੍ਰੇਸ਼ਨ ਜਾਂ ਨਵੀਨੀਕਰਨ ਜੇਕਰ ਕੋਈ ਜਰੂਰੀ ਹੋਵੇ ਕਰਵਾਉਣਾ ਯਕੀਨੀ ਬਣਾਇਆ ਜਾਵੇ।

19. ਸਕੂਲ **The Punjab Regulation of Fee of Unaided Educational Institutions Act, 2016 (Punjab Act No. 47 of 2016)** ਦੀ ਪਾਲਣਾ ਦਾ ਪਾਬੰਧ ਰਹੇਗਾ।

20. ਸਕੂਲ/ਸੰਸਥਾ ਆਰ.ਟੀ.ਆਈ. ਐਕਟ 2009 ਦੀਆਂ ਸਾਰੀਆ ਸ਼ਰਤਾਂ ਅਤੇ ਨਿਯਮਾਂ ਨੂੰ ਲਾਗੂ ਕਰਨ ਦਾ ਪਾਬੰਧ ਹੋਵੇਗਾ। ਜੇਕਰ ਸਕੂਲ ਵਿਭਾਗ ਵਲੋਂ ਜਾਰੀ ਕੀਤੀਆਂ ਹਦਾਇਤਾਂ/ਨਿਯਮਾਂ ਜਾਂ ਆਰ.ਟੀ.ਈ. ਐਕਟ ਦੇ ਕਿਸੇ ਵੀ ਧਾਰਾ ਦੀ ਉਲੰਘਣਾ ਕਰਦਾ ਪਾਇਆ ਜਾਂਦਾ ਹੈ ਤਾਂ ਸਕੂਲ ਦੀ ਮਾਨਤਾ ਰੱਦ ਕਰ ਦਿੱਤੀ ਜਾਵੇਗੀ।

Vice Chairman
Howard Lane Educational Society

Howard Lane Senior School
Principal

ਜਿਲ੍ਹਾ ਸਿੱਖਿਆ ਅਫਸਰ (ਐ.ਸਿ.)
ਤਰਨ ਤਾਰਨ